ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/8199 ਮਿਤੀ : 6/10/23
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਰਜਿਸਟਰਾਰ ਸਹਿਕਾਰੀ ਸਭਾਵਾਂ, ਪੰਜਾਬ, ਚੰਡੀਗੜ੍ਹ। RTI
12 OCT 2023
ਨੰਬਰ 8996

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਆਰ. ਟੀ. ਆਈ. ਸ਼ਾਖਾ
ਡਾਇਰੀ ਨੰ...1017...
ਮਿਤੀ...16/10/23

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਦਿਲਬਾਗ ਸਿੰਘ ਪੁੱਤਰ ਖਜਾਨ ਸਿੰਘ, ਪਿੰਡ ਅਤੇ ਡਾਕ: ਮੱਲੂ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਦਫਤਰ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 13.09.2023 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ.ਪੱ ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ. ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਦਿਲਬਾਗ ਸਿੰਘ, ਅਪੀਲਕਰਤਾ ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 13.09.2023 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

502
13/X/23

13.10.23
APIO
19/10/23

**ਸੰਯੁਕਤ ਰਜਿਸਟਰਾਰ (ਐਪੀਲਾਂਟ ਅਥਾਰਟੀ) ਸਹਿਕਾਰੀ ਸਭਾਵਾਂ ਜਲੰਧਰ ਮੰਡਲ, ਸੀ.ਸੀ.ਬੀ ਜਲੰਧਰ, ਚੌਥੀ ਮੰਜਿਲ, ਸਾਹਮਣੇ ਵੱਡਾ ਡਾਕਖਾਨਾ, ਸਿਵਲ ਲਾਈਨਜ਼, ਜਲੰਧਰ, ਈ-ਮੇਲ ਐਡਰੈਸ : jrjalandhar1@gmail.com**

ਦਿਲਬਾਗ ਸਿੰਘ ਪੁੱਤਰ ਖਜਾਨ ਸਿੰਘ, ਪਿੰਡ ਅਤੇ ਡਾਕ: ਮੱਲੂ ਨੰਗਲ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ।

......ਐਪੀਲੈਂਟ.....

ਬਨਾਮ

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅੰਮ੍ਰਿਤਸਰ।

.... ਰਿਸਪੋਂਡੈਂਟ ....

ਅਪੀਲ ਰਾਈਟ ਟੂ ਇਨਫਰਮੇਸ਼ਨ ਐਕਟ - 2005 ਦੇ ਸੈਕਸ਼ਨ 19 ਤਹਿਤ ਅਪੀਲ।

ਹਾਜਰੀ ਮਿਤੀ : 13.09.2023 :

ਸ੍ਰੀ ਹਰਪਾਲ ਸਿੰਘ, ਸੀਨੀਅਰ ਸਹਾਇਕ ਦਫਤਰ, ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ ਅੰਮ੍ਰਿਤਸਰ।

ਹੁਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਲੋਕ ਸੂਚਨਾ ਅਫਸਰ ਦਫਤਰ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਚੰਡੀਗੜ ਵਲੋਂ ਪੱਤਰ ਨੰ : ਰਸਸ/ ਆਰ.ਟੀ.ਆਈ./ ਅੰਮ੍ਰਿਤਸਰ/ 9157, ਮਿਤੀ : 26.07.2023 ਰਾਹੀਂ ਸ੍ਰੀ ਦਿਲਬਾਗ ਸਿੰਘ, ਅਪੀਲਕਰਤਾ ਵਲੋਂ ਆਰ.ਟੀ.ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦੀ ਕਾਪੀ ਇਸ ਦਫਤਰ ਨੂੰ ਭੇਜਦੇ ਹੋਏ ਲਿਖਿਆ ਗਿਆ ਕਿ ਪ੍ਰਾਰਥੀ ਵਲੋਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅੰਮ੍ਰਿਤਸਰ ਪਾਸੋਂ "ਦੀ ਜਗਦੇਵ ਕਲਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ" ਸਬੰਧੀ ਸੂਚਨਾ ਦੀ ਮੰਗ ਕੀਤੀ ਗਈ ਸੀ, ਲੇਕਿਨ ਛੇ ਮਹੀਨੇ ਦਾ ਸਮਾਂ ਬੀਤ ਜਾਣ ਮਗਰੋਂ ਵੀ ਸੂਚਨਾ ਨਹੀਂ ਮਿਲੀ। ਲੋਕ ਸੂਚਨਾ ਅਫਸਰ ਦਫਤਰ ਰ:ਸ:ਸ: ਪੰਜਾਬ ਜੀ ਵਲੋਂ ਪ੍ਰਾਰਥੀ ਨੂੰ ਆਰ.ਟੀ.ਆਈ.ਐਕਟ-2005 ਦੇ ਰੂਲਾਂ/ ਹਦਾਇਤਾਂ ਅਨੁਸਾਰ ਸੂਚਨਾ ਮੁਹੱਈਆ ਕਰਵਾ ਕੇ ਤੁਰੰਤ ਮੁੱਖ-ਦਫਤਰ ਨੂੰ ਸੂਚਿਤ ਕਰਨ ਲਈ ਲਿਖਿਆ ਗਿਆ।

ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 29.11.2022 ਅਤੇ 20.01.2023 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅੰਮ੍ਰਿਤਸਰ ਪਾਸੋਂ ਆਰ.ਟੀ.ਆਈ. ਐਕਟ-2005 ਤਹਿਤ "ਦੀ ਜਗਦੇਵ ਕਲਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ" ਸਬੰਧੀ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ ਪਰੰਤੂ ਉਸਨੂੰ ਇਹ ਸੂਚਨਾ ਉਪਲਬੱਧ ਨਹੀਂ ਕਰਵਾਈ ਗਈ। ਪ੍ਰਾਰਥੀ ਵਲੋਂ ਉਸ ਵਲੋਂ ਮੰਗੀ ਗਈ ਸੂਚਨਾ ਉਸਨੂੰ ਮੁਹੱਈਆ ਕਰਵਾਉਣ ਲਈ ਬੇਨਤੀ ਕੀਤੀ ਗਈ ਹੈ।

..........2........

ਅਪੀਲ ਦੀ ਸੁਣਵਾਈ ਵਾਸਤੇ ਦੋਵੇਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 13.09.2023 ਨੂੰ ਅਪੀਲ ਦੀ ਸੁਣਵਾਈ ਦੌਰਾਨ ਹਾਜਰ ਆਏ ਸ੍ਰੀ ਹਰਪਾਲ ਸਿੰਘ, ਸੀਨੀਅਰ ਸਹਾਇਕ ਵਲੋਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅੰਮ੍ਰਿਤਸਰ ਦਾ ਜਵਾਬ ਪੱਤਰ ਨੰ : ਸੁਪਰਡੈਟ/ ਡੀ.ਆਰ.ਏ./ 574, ਮਿਤੀ : 11.09.2023 ਪੇਸ਼ ਕੀਤਾ ਗਿਆ, ਜਿਸ ਅਨੁਸਾਰ ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਅਜਨਾਲਾ ਸਰਕਲ ਅਧੀਨ ਪੈਂਦੀ "ਦੀ ਜਗਦੇਵ ਕਲਾਂ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸਭਾ" ਨਾਲ ਸਬੰਧਤ ਹੋਣ ਕਾਰਨ ਪੱਤਰ ਨੰ : 4727, ਮਿਤੀ : 12.12.2022 ਰਾਹੀਂ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਨੂੰ ਭੇਜਦੇ ਹੋਏ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਉਣ ਲਈ ਲਿਖਿਆ ਗਿਆ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਵਲੋਂ ਪੱਤਰ ਨੰ : ਸੁਪਰਡੈਂਟ/ ਏ.ਆਰ.ਏ./ 1239, ਮਿਤੀ : 15.05.2023 ਰਾਹੀਂ ਜਵਾਬ ਭੇਜਿਆ ਗਿਆ, ਜਿਸ ਅਨੁਸਾਰ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਕਰਵਾਉਣ ਲਈ ਸਭਾ ਦੇ ਨਰੀਖਕ ਇੰਨਚਾਰਜ਼ ਨੂੰ ਲਿਖਿਆ ਗਿਆ, ਜਿਸਦੇ ਸਬੰਧ ਵਿੱਚ ਸਭਾ ਵਲੋਂ ਪਾਸ ਕੀਤਾ ਗਿਆ ਮਤਾ ਮਿਤੀ : 28.04.2023 ਪ੍ਰਾਪਤ ਹੋਇਆ, ਜਿਸ ਅਨੁਸਾਰ ਸਭਾ ਵਲੋਂ ਆਰ.ਟੀ. ਆਈ.ਐਕਟ-2005 ਤਹਿਤ ਸੂਚਨਾ ਦੇਣ ਤੋਂ ਇਨਕਾਰ ਕੀਤਾ ਗਿਆ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਵਲੋਂ ਆਪਣੇ ਜਵਾਬ ਰਾਹੀਂ ਇਹ ਵੀ ਸੂਚਿਤ ਕੀਤਾ ਗਿਆ ਹੈ ਕਿ ਪ੍ਰਾਰਥੀ ਵਲੋਂ ਇੱਕ ਦਰਖਾਸਤ ਭੇਜੀ ਗਈ ਹੈ, ਜਿਸ ਅਨੁਸਾਰ ਉਹ ਆਰ.ਟੀ.ਆਈ. ਐਕਟ-2005 ਤਹਿਤ ਕੋਈ ਸੂਚਨਾ ਨਹੀਂ ਲੈਣਾ ਚਾਹੁੰਦਾ। ਸੂਚਨਾ ਲੈਣ ਲਈ ਇਹ ਦਰਖਾਸਤ ਉਸਨੇ ਕਿਸ ਗਲਤ ਫਹਿਮੀ ਵਿੱਚ ਪਾਈ ਹੈ ਅਤੇ ਉਸਨੇ ਆਪਣੀ ਦਰਖਾਸਤ ਰੱਦ ਕਰਨ ਲਈ ਬੇਨਤੀ ਕੀਤੀ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਵਲੋਂ ਪ੍ਰਾਰਥੀ ਵਲੋਂ ਦਾਇਰ ਕੀਤੀ ਗਈ ਅਪੀਲ ਦਾਖਲ ਦਫਤਰ/ ਰੱਦ ਕਰਨ ਲਈ ਬੇਨਤੀ ਕੀਤੀ ਗਈ।

ਅਪੀਲ ਦੀ ਸੁਣਵਾਈ ਦੌਰਾਨ ਹਾਜਰ ਆਈਆਂ ਧਿਰਾਂ ਨੂੰ ਸੁਣਨ ਅਤੇ ਰੀਕਾਰਡ ਦੀ ਘੋਖ ਕਰਨ ਉਪਰੰਤ ਮੈਂ ਇਸ ਸਿੱਟੇ ਤੇ ਪੁੰਹਚੀ ਹਾਂ ਕਿ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 29.12.2022 ਰਾਹੀਂ ਮੰਗੀ ਗਈ ਸੂਚਨਾ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਦਫਤਰ ਵਿੱਚ ਉਪਲਬੱਧ ਨਹੀਂ ਹੈ, ਜਿਸ ਕਾਰਨ ਪ੍ਰਾਰਥੀ ਨੂੰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ ਦਫ਼ਤਰ ਵਲੋਂ ਇਹ ਸੂਚਨਾ ਉਪਲਬੱਧ ਨਹੀਂ ਕਰਵਾਈ ਗਈ। ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਸੂਚਨਾ ਦੀ ਜਗਦੇਵ ਕਲਾਂ ਸਹਿਕਾਰੀ ਬਹੁਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਜਗਦੇਵ ਕਲਾਂ ਸਬੰਧਤ ਹੈ ਅਤੇ ਸਹਿਕਾਰੀ ਸਭਾਵਾਂ ਆਰ.ਟੀ ਆਈ. ਐਕਟ-2005 ਅਧੀਨ ਕਵਰ ਨਹੀਂ ਹੁੰਦੀਆਂ ਹਨ, ਜਿਸ ਕਾਰਨ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਨਹੀਂ ਕਰਵਾਈ ਜਾ ਸਕਦੀ। ਇਸ ਤੋਂ ਇਲਾਵਾ ਪ੍ਰਾਰਥੀ/ ਅਪੀਲਕਰਤਾ ਵਲੋਂ ਲਿਖਤੀ ਦਰਖਾਸਤ ਰਾਹੀਂ ਕੋਈ ਵੀ ਸੂਚਨਾ ਨਾ ਲੈਣ ਸਬੰਧੀ ਦਰਖਾਸਤ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਅਜਨਾਲਾ

..........3.........

ਦਫਤਰ ਨੂੰ ਭੇਜੀ ਗਈ ਹੈ। ਉਪਰੋਕਤ ਨੂੰ ਮੁੱਖ ਰੱਖਦੇ ਹੋਏ ਅਪੀਲ ਡਿਸਪੋਜ਼ ਆਫ ਕੀਤੀ ਜਾਂਦੀ ਹੈ।

ਜੇਕਰ ਅਪੀਲਕਰਤਾ ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਸਹਿਮਤ ਨਾ ਹੋਵੇ ਤਾਂ ਉਹ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ ਪੰਜਾਬ ਚੰਡੀਗੜ ਜੀ ਦੀ ਅਦਾਲਤ ਵਿੱਚ ਅਗਲੀ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 13.09.2023.

(ਸਰਬਜੀਤ ਕੋਰ)
ਸੰਯੁਕਤ ਰਜਿਸਟਰਾਰ
ਸਹਿਕਾਰੀ ਸਭਾਵਾਂ ਜਲੰਧਰ ਮੰਡਲ ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ
ਸੁਪਰਡੰਟ 6/10/2023
ਦਫਤਰ ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।